Tape/CD: 1301

## ਪੰਨਾ ੬੮੬-੬੮੭

### ਧਨਾਸਰੀ ਮਹਲ ੫ ਘਰੁ ੬ ਅਸਟਪਦ

ਜੋ ਜੋ ਜੂਨੀ ਆਇਓ ਤਿਹ ਤਿਹ ਉਰਝਾਇਓ ਮਾਣਸ ਜਨਮੁ ਸੰਜੋਗਿ ਪਾਇਆ ॥ ਤਾਕੀ ਹੈ ਓਟ ਸਾਧ ਰਾਖਹੁ ਦੇ ਕਰਿ ਹਾਥ ਕਰਿ ਕਿਰਪਾ ਮੇਲਹੁ ਹਰਿ ਰਾਇਆ ॥ ੧ ॥ ਅਨਿਕ ਜਨਮ ਭ੍ਰਮਿ ਥਿਤਿ ਨਹੀ ਪਾਈ ॥ ਕਰਉ ਸੇਵਾ ਗੁਰ ਲਾਗਉ ਚਰਨ ਗੋਵਿੰਦ ਜੀ ਕਾ ਮਾਰਗੁ ਦੇਹੁ ਜੀ ਬਤਾਈ ॥ ੧ ॥ ਰਹਾਉ ॥ ਅਨਿਕ ਉਪਾਵ ਕਰਉ ਮਾਇਆ ਕਉ ਬਚਿਤਿ ਧਰਉ ਮੇਰੀ ਮੇਰੀ ਕਰਤ ਸਦ ਹੀ ਵਿਹਾਵੈ ॥ ਕੋਈ ਐਸੋ ਰੇ ਭੇਟੈ ਸੰਤੁ ਮੇਰੀ ਲਾਹੈ ਸਗਲ ਚਿੰਤ ਠਾਕੁਰ ਸਿਉ ਮੇਰਾ ਰੰਗੁ ਲਾਵੈ ॥ ੨ ॥ ਪੜੇ ਰੇ ਸਗਲ ਬੇਦ ਨਹ ਚੂਕੇ ਮਨ ਭੇਦ ਇਕੁ ਖਿਨੁ ਨ ਧੀਰਹਿ ਮੇਰੇ ਘਰ ਕੇ ਪੰਚਾ ॥ ਕੋਈ ਐਸੋ ਰੇ ਭਗਤੁ ਜੁ ਮਾਇਆ ਤੇ ਰਹਤੁ ਇਕੁ ਅੰਮ੍ਰਿਤ ਨਾਮੁ ਮੇਰੈ ਰਿਦੈ ਸਿੰਚਾ ॥ ੩ ॥ ਜੇਤੇ ਰੇ ਤੀਰਥ ਨਾਏ ਅਹੰਬੁਧਿ ਮੈਲੁ ਲਾਏ ਘਰ ਕੋ ਠਾਕੁਰੁ ਇਕੁ ਤਿਲੁ ਨ ਮਾਨੈ ॥ ਕਦਿ ਪਾਵਉ ਸਾਧਸੰਗੁ ਹਰਿ ਹਰਿ ਸਦਾ ਆਨੰਦੁ ਗਿਆਨ ਅੰਜਨਿ ਮੇਰਾ ਮਨੁ ਇਸਨਾਨੈ ॥ ੪ ॥ ਸਗਲ ਅਸ੍ਰਮ ਕੀਨੇ ਮਨੂਆ ਨਹ ਪਤੀਨੇ ਬਿਬੇਕਹੀਨ ਦੇਹੀ ਧੋਏ ॥ ਕੋਈ ਪਾਈਐ ਰੇ ਪੁਰਖੁ ਬਿਧਾਤਾ ਪਾਰਬ੍ਰਹਮ ਕੈ ਰੰਗਿ ਰਾਤਾ ਮੇਰੇ ਮਨ ਕੀ ਦੁਰਮਤਿ ਮਲੁ ਖੋਏ ॥ ੫ ॥ ਕਰਮ ਧਰਮ ਜੁਗਤਾ ਨਿਮਖ ਨ ਹੇਤੁ ਕਰਤਾ ਗਰਬਿ ਗਰਬਿ ਪੜੈ ਕਹੀ ਨ ਲੇਖੈ ॥ ਜਿਸੁ ਭੇਟੀਐ ਸਫਲ ਮੂਰਤਿ ਕਰੈ ਸਦਾ ਕੀਰਤਿ ਗੁਰ ਪਰਸਾਦਿ ਕੋਊ ਨੇਤ੍ਰਹੁ ਪੇਖੈ ॥ ੬ ॥ ਮਨਹਠਿ ਜੋ ਕਮਾਵੈ ਤਿਲੁ ਨ ਲੇਖੈ ਪਾਵੈ ਬਗੁਲ ਜਿਉ ਧਿਆਨੁ ਲਾਵੈ ਮਾਇਆ ਰੇ ਧਾਰੀ ॥ ਕੋਈ ਐਸੋ ਰੇ ਸੁਖਹ ਦਾਈ ਪ੍ਰਭ ਕੀ ਕਥਾ ਸੁਨਾਈ ਤਿਸੁ ਭੇਟੇ ਗਤਿ ਹੋਇ ਹਮਾਰੀ ॥ ੭ ॥ ਸੁਪ੍ਰਸੰਨ ਗੋਪਾਲ ਰਾਇ ਕਾਟੈ ਰੇ ਬੰਧਨ ਮਾਇ ਗੁਰ ਕੈ ਸਬਦਿ ਮੇਰਾ ਮਨੁ ਰਾਤਾ ॥ ਸਦਾ ਸਦਾ ਆਨੰਦੁ ਭੇਟਿਓ ਨਿਰਭੈ ਗੋਬਿੰਦੁ ਸੁਖ ਨਾਨਕ ਲਾਧੇ ਹਰਿ ਚਰਨ ਪਰਾਤਾ ॥ ੮ ॥ ਸਫਲ ਸਫਲ ਭਈ ਸਫਲ ਜਾਤ੍ਰਾ ॥ ਆਵਣ ਜਾਣ ਰਹੇ ਮਿਲੇ ਸਾਧਾ ॥ ੧ ॥ ਰਹਾਉ ॥ ਦੂਜਾ ॥ ੧ ॥ ੩ ॥

Tape/CD: 1301

# ਪੰਨਾ ੪੫੧

## ਆਸਾ ਮਹਲਾ ੪ ਛੰਤ ਘਰੁ ੪

ਆਸਾ ਮਹਲਾ ੪ ॥ ਜਿਨ੍ਹਾ ਭੇਟਿਆ ਮੇਰਾ ਪੂਰਾ ਸਤਿਗੁਰੂ ਤਿਨ ਹਰਿ ਨਾਮੁ ਦ੍ਰਿੜਾਵੈ ਰਾਮ ਰਾਜੇ ॥ ਤਿਸ ਕੀ ਤ੍ਰਿਸਨਾ ਭੁਖ ਸਭ ਉਤਰੈ ਜੋ ਹਰਿ ਨਾਮੁ ਧਿਆਵੈ ॥ ਜੋ ਹਰਿ ਹਰਿ ਨਾਮੁ ਧਿਆਇਦੇ ਤਿਨ੍ਹ ਜਮੁ ਨੇੜਿ ਨ ਆਵੈ ॥ ਜਨ ਨਾਨਕ ਕਉ ਹਰਿ ਕ੍ਰਿਪਾ ਕਰਿ ਨਿਤ ਜਪੈ ਹਰਿ ਨਾਮੁ ਹਰਿ ਨਾਮਿ ਤਰਾਵੈ ॥ ੧ ॥

Tape/CD:1301

# ਪੰਨਾ ੩੨੦

## ਗਉੜੀ ਕੀ ਵਾਰ ਮਹਲਾ ੫ ਰਾਇ ਕਮਾਲਦੀ ਮੋਜਦੀ ਕੀ ਵਾਰ ਕੀ ਧੁਨਿ ਉਪਰਿ ਗਾਵਣੀ

ਪਉੜੀ ॥ ਤਿਨ ਕੀ ਸੋਭਾ ਕਿਆ ਗਣੀ ਜਿਨੀ ਹਰਿ ਹਰਿ ਲਧਾ ॥ ਸਾਧਾ ਸਰਣੀ ਜੋ ਪਵੈ ਸੁ ਛੁਟੈ ਬਧਾ ॥ ਗੁਣ ਗਾਵੈ ਅਬਿਨਾਸੀਐ ਜੋਨਿ ਗਰਭਿ ਨ ਦਧਾ ॥ ਗੁਰੁ ਭੇਟਿਆ ਪਾਰਬ੍ਰਹਮੁ ਹਰਿ ਪੜਿ ਬੁਝਿ ਸਮਧਾ ॥ ਨਾਨਕ ਪਾਇਆ ਸੋ ਧਣੀ ਹਰਿ ਅਗਮ ਅਗਧਾ ॥ ੧੦ ॥